ਭੈਰਉ ਮਹਲਾ ੧ ॥ ਹਿਰਦੈ ਨਾਮੁ ਸਰਬ ਧਨੁ ਧਾਰਣੁ ਗੁਰ ਪਰਸਾਦੀ ਪਾਈਐ ॥ ਅਮਰ ਪਦਾਰਥ ਤੇ ਕਿਰਤਾਰਥ ਸਹਜ ਧਿਆਨਿ ਲਿਵ ਲਾਈਐ ॥੧॥ ਮਨ ਰੇ ਰਾਮ ਭਗਤਿ ਚਿਤੁ ਲਾਈਐ ॥ ਗੁਰਮੁਖਿ ਰਾਮ ਨਾਮੁ ਜਪਿ ਹਿਰਦੈ ਸਹਜ ਸੇਤੀ ਘਰਿ ਜਾਈਐ ॥ ੧॥ ਰਹਾਉ ॥ ਭਰਮੁ ਭੇਦੁ ਭਉ ਕਬਹੁ ਨ ਛੂਟਸਿ ਆਵਤ ਜਾਤ ਨ ਜਾਨੀ ॥ ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵਸਿ ਡੂਬਿ ਮੁਏ ਬਿਨੁ ਪਾਨੀ ॥੨॥ ਧੰਧਾ ਕਰਤ ਸਗਲੀ ਪਤਿ ਖੋਵਸਿ ਭਰਮੁ ਨ ਮਿਟਸਿ ਗਵਾਰਾ ॥ ਬਿਨੁ ਗੁਰ ਸਬਦ ਮੁਕਤਿ ਨਹੀ ਕਬ ਹੀ ਅੰਧੁਲੇ ਧੰਧੁ ਪਸਾਰਾ ॥੩॥ ਅਕੁਲ ਨਿਰੰਜਨ ਸਿਉ ਮਨੁ ਮਾਨਿਆ ਮਨ ਹੀ ਤੇ ਮਨੁ ਮੂਆ ॥ ਅੰਤਰਿ ਬਾਹਰਿ ਏਕੋ ਜਾਨਿਆ ਨਾਨਕ ਅਵਰੁ ਨ ਦੂਆ ॥੪॥੬॥੭॥ {ਪੰਨਾ 1127}

ਪਦਅਰਥ:- ਸਰਬ—ਸਾਰੇ ਜੀਵਾਂ ਦਾ। ਧਾਰਣੁ—ਆਸਰਾ, ਸਹਾਰਾ। ਪਰਸਾਦੀ—ਕਿਰਪਾ ਨਾਲ। ਪਾਈਐ—ਮਿਲਦਾ ਹੈ। ਅਮਰ ਪਦਾਰਥ ਤੇ—ਆਤਮਕ ਜੀਵਨ ਦੇਣ ਵਾਲੀ ਇਸ ਕੀਮਤੀ ਚੀਜ਼ ਦੀ ਬਰਕਤਿ ਨਾਲ। ਤੇ—ਤੋਂ, ਦੀ ਰਾਹੀਂ। ਕਿਰਤਾਰਥ—{ਕਿਰਤ-ਅਰਥ} ਜਿਸ ਦਾ ਮਨੋਰਥ ਪੂਰਾ ਹੋ ਗਿਆ, ਸਫਲ, ਕਾਮਯਾਬ ਜੀਵਨ ਵਾਲਾ। ਧਿਆਨਿ—ਧਿਆਨ ਵਿਚ, ਸਮਾਧੀ ਵਿਚ, ਟਿਕਾਉ ਵਿਚ (ਟਿਕ ਕੇ)। ਸਹਜ ਧਿਆਨਿ—ਆਤਮਕ ਅਡੋਲਤਾ ਦੇ ਟਿਕਾਉ ਵਿਚ (ਟਿਕ ਕੇ)।1।

ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ, ਗੁਰੂ ਦੇ ਦੱਸੇ ਰਾਹ ਤੇ ਤੁਰ ਕੇ। ਸਹਜ—ਅਡੋਲਤਾ, ਸ਼ਾਂਤੀ। ਸੇਤੀ—ਨਾਲ। ਸਹਜ ਸੇਤੀ—ਸ਼ਾਂਤੀ ਵਾਲਾ ਜੀਵਨ ਗੁਜ਼ਾਰਦਿਆਂ। ਘਰਿ—ਘਰ ਵਿਚ, ਆਪਣੇ ਮੂਲ ਵਿਚ, ਪ੍ਰਭੂ-ਚਰਨਾਂ ਵਿਚ।1। ਰਹਾਉ।

ਭਰਮੁ—ਭਟਕਣਾ। ਭੇਦੁ—(ਪ੍ਰਭੂ ਨਾਲੋਂ) ਵਿੱਥ। ਭਉ—ਡਰ, ਸਹਮ। ਆਵਤ ਜਾਤ—ਜੰਮਦਿਆਂ ਮਰਦਿਆਂ। ਡੂਬਿ ਮੁਏ—(ਵਿਕਾਰਾਂ ਦੇ ਪਾਣੀਆਂ ਵਿਚ) ਗੋਤੇ ਖਾ ਖਾ ਕੇ ਆਤਮਕ ਮੌਤ ਸਹੇੜ ਲਈ। ਬਿਨੁ ਪਾਨੀ—ਪਾਣੀ ਤੋਂ ਖ਼ਾਲੀ ਹੀ ਰਹੇ, ਵਿਸ਼ਿਆਂ ਨਾਲ ਤ੍ਰਿਪਤੀ ਭੀ ਨਾਹ ਹੋਈ।2।

ਪਤਿ—ਇੱਜ਼ਤ। ਧੰਧਾ—ਮਾਇਆ ਦੀ ਖ਼ਾਤਰ ਦੌੜ-ਭੱਜ। ਭਰਮੁ—ਭਟਕਣਾ। ਗਵਾਰਾ—ਹੇ ਮੂਰਖ! ਅੰਧੁਲੇ—ਹੇ ਅੰਨ੍ਹੇ! ਪਸਾਰਾ—ਖਿਲਾਰਾ, ਸੁਰਤਿ ਦਾ ਖਿੰਡਾਉ।3।

ਅਕੁਲ—ਉਹ ਜਿਸ ਦੀ ਕੋਈ ਖ਼ਾਸ ਕੁਲ ਨਹੀਂ। ਨਿਰੰਜਨ—ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ {ਨਿਰ-ਅੰਜਨ। ਅੰਜਨ—ਕਾਲਖ, ਮਾਇਆ ਦੀ ਕਾਲਖ}। ਸਿਉ—ਨਾਲ। ਮਾਨਿਆ—ਗਿੱਝ ਗਿਆ। ਮਨ ਤੇ—ਮਨ ਤੋਂ, ਮਨ ਦੇ ਮਾਇਕ ਫੁਰਨਿਆਂ ਵਲੋਂ। ਮਨੁ ਮੂਆ—ਮਨ ਮਰ ਜਾਂਦਾ ਹੈ, ਮਨ ਦਾ ਚਾਉ-ਉਤਸ਼ਾਹ ਮੁੱਕ ਜਾਂਦਾ ਹੈ।4।

ਅਰਥ:- ਹੇ ਮਨ! ਪਰਮਾਤਮਾ ਦੀ ਭਗਤੀ ਵਿਚ ਜੁੜਨਾ ਚਾਹੀਦਾ ਹੈ। ਹੇ ਮਨ! ਗੁਰੂ ਦੇ ਦੱਸੇ ਜੀਵਨ-ਰਾਹ ਤੇ ਤੁਰ ਕੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਸਿਮਰ, (ਇਸ ਤਰ੍ਹਾਂ) ਸ਼ਾਂਤੀ ਵਾਲਾ ਜੀਵਨ ਗੁਜ਼ਾਰਦਿਆਂ ਪਰਮਾਤਮਾ ਦੇ ਚਰਨਾਂ ਵਿਚ ਪਹੁੰਚ ਜਾਈਦਾ ਹੈ।1। ਰਹਾਉ।

(ਜਿਵੇਂ ਦੁਨੀਆ ਵਾਲਾ ਧਨ-ਪਦਾਰਥ ਇਨਸਾਨ ਦੀਆਂ ਸਰੀਰਕ ਲੋੜਾਂ ਪੂਰੀਆਂ ਕਰਦਾ ਹੈ, ਤਿਵੇਂ) ਪਰਮਾਤਮਾ ਦਾ ਨਾਮ ਹਿਰਦੇ ਵਿਚ ਟਿਕਾਣਾ ਸਭ ਜੀਵਾਂ ਲਈ (ਆਤਮਕ ਲੋੜਾਂ ਪੂਰੀਆਂ ਕਰਨ ਵਾਸਤੇ) ਧਨ ਹੈ (ਆਤਮਕ ਜੀਵਨ ਦਾ) ਸਹਾਰਾ ਬਣਦਾ ਹੈ, (ਪਰ ਇਹ ਧਨ) ਗੁਰੂ ਦੀ ਕਿਰਪਾ ਨਾਲ ਮਿਲਦਾ ਹੈ। ਆਤਮਕ ਜੀਵਨ ਦੇਣ ਵਾਲੇ ਇਸ ਕੀਮਤੀ ਧਨ ਦੀ ਬਰਕਤਿ ਨਾਲ ਕਾਮਯਾਬ ਜ਼ਿੰਦਗੀ ਵਾਲਾ ਹੋ ਜਾਈਦਾ ਹੈ, ਆਤਮਕ ਅਡੋਲਤਾ ਦੇ ਟਿਕਾਉ ਵਿਚ ਟਿਕੇ ਰਹਿ ਕੇ ਸੁਰਤਿ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ।1।

(ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ) ਭਟਕਣਾ, ਪ੍ਰਭੂ ਨਾਲੋਂ ਵਿੱਥ, ਡਰ-ਸਹਮ ਕਦੇ ਨਹੀਂ ਮੁੱਕਦਾ, ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ, (ਸਹੀ ਜੀਵਨ ਦੀ) ਸਮਝ ਨਹੀਂ ਪੈਂਦੀ। ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ

ਕੋਈ ਬੰਦਾ (ਮਾਇਆ ਦੀ ਤ੍ਰਿਸ਼ਨਾ ਤੋਂ) ਖ਼ਲਾਸੀ ਨਹੀਂ ਪ੍ਰਾਪਤ ਕਰ ਸਕਦਾ। (ਵਿਕਾਰਾਂ ਦੇ ਪਾਣੀ ਵਿਚ) ਗੋਤੇ ਖਾ ਖਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ, ਵਿਸ਼ਿਆਂ ਨਾਲ ਤ੍ਰਿਪਤੀ ਭੀ ਨਹੀਂ ਹੁੰਦੀ।2।

ਹੇ ਮੂਰਖ (ਮਨ)! (ਨਿਰੀ) ਮਾਇਆ ਦੀ ਖ਼ਾਤਰ ਦੌੜ-ਭੱਜ ਕਰਦਿਆਂ ਤੂੰ ਆਪਣੀ ਇੱਜ਼ਤ ਗਵਾ ਲਏਂਗਾ, (ਇਸ ਤਰ੍ਹਾਂ) ਤੇਰੀ ਭਟਕਣਾ ਨਹੀਂ ਮੁੱਕੇਗੀ। ਹੇ ਅੰਨ੍ਹੇ (ਮਨ)! ਗੁਰੂ ਦੇ ਸ਼ਬਦ (ਨਾਲ ਪਿਆਰ ਕਰਨ) ਤੋਂ ਬਿਨਾ (ਮਾਇਆ ਦੀ ਤ੍ਰਿਸ਼ਨਾ ਤੋਂ) ਕਦੇ ਖ਼ਲਾਸੀ ਨਹੀਂ ਹੋਵੇਗੀ। ਇਹ ਦੌੜ-ਭੱਜ ਟਿਕੀ ਰਹੇਗੀ, ਸੁਰਤਿ ਦਾ ਇਹ ਖਿੰਡਾਉ ਬਣਿਆ ਰਹੇਗਾ।3।

ਜੇਹੜਾ ਮਨ ਉਸ ਪ੍ਰਭੂ ਨਾਲ ਗਿੱਝ ਜਾਂਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਅਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ, ਮਾਇਕ ਫੁਰਨਿਆਂ ਵਲੋਂ ਉਸ ਮਨ ਦਾ ਚਾਉ-ਉਤਸ਼ਾਹ ਹੀ ਮੁੱਕ ਜਾਂਦਾ ਹੈ। ਹੇ ਨਾਨਕ! ਉਹ ਮਨ ਆਪਣੇ ਅੰਦਰ ਤੇ ਸਾਰੇ ਸੰਸਾਰ ਵਿਚ ਇਕ ਪਰਮਾਤਮਾ ਨੂੰ ਹੀ ਪਛਾਣਦਾ ਹੈ, ਉਸ ਪ੍ਰਭੂ ਤੋਂ ਬਿਨਾ ਕੋਈ ਹੋਰ ਉਸ ਨੂੰ ਨਹੀਂ ਸੁਝਦਾ।4।6।7।